**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ ( ਐ:ਸਿ:) ਪੰਜਾਬ, ਚੰਡੀਗੜ੍ਹ**

**(ਅਮਲਾ-1 ਸ਼ਾਖਾ)**

ਹੁਕਮ ਨੰ. 18/135-17 ਅ1(1)

ਮਿਤੀ :- 13-11-2017

ਸ੍ਰੀ ਕੁਲਜੀਤ ਸਿੰਘ, ਈ.ਟੀ.ਟੀ. ਟੀਚਰ, ਸ.ਐ.ਸ. ਰਾਏਪੁਰ, ਬਲਾਕ ਟਾਂਡਾ-1, ਜਿਲਾ ਹੁਸ਼ਿਆਰਪੁਰ ਵਲੋਂ ਅਪਲਾਈ ਕੀਤੀ ਗਈ ਛੁੱਟੀ ਸਰਕਾਰ ਦੇ ਪੱਤਰ ਨੰ. 1/29/2012-1 ਸਿ-7 1711 ਮਿਤੀ 30-5-2012 ਵਿੱਚ ਦਿੱਤੀ ਅਗਵਾਈ ਅਨੁਸਾਰ ਵਿਦੇਸ਼ ਜਾਣ ਦੇ ਉਦੇਸ਼ ਲਈ ਕੇਵਲ ਮਿਤੀ 18-11-17 ਤੋਂ 14-12-2017 ਤੱਕ 27 ਦਿਨਾਂ ਤੱਕ ਦੀ ਅੱਧੀ ਤਨਖਾਹ ਛੁੱਟੀ ਅਤੇ ਵਿਦੇਸ਼ ਜਾਣ ਦੀ ਪ੍ਰਵਾਨਗੀ ਹੇਠ ਲਿਖੀਆਂ ਹਦਾਇਤਾਂ ਗਾਈਡਲਾਈਨਜ਼ / ਸ਼ਰਤਾਂ ਅਧੀਨ ਦਿੱਤੀ ਜਾਂਦੀ ਹੈ:-

1. ਪੰਜਾਬ ਸਰਕਾਰ ਉਨਾਂ ਲਈ ਕਿਸੇ ਵੀ ਪ੍ਰਕਾਰ ਦੀ ਵਿਦੇਸ਼ ਕਰੰਸੀ ਲਈ ਇੰਤਜਾਮ ਨਹੀਂ ਕਰੇਗੀ।
2. ਉਹ ਅਜਿਹਾ ਕੰਮ ਨਹੀਂ ਕਰਨਗੇ ਜੋ ਪੰਜਾਬ ਸਰਕਾਰ ਦੇ ਹਿੱਤਾਂ ਦੇ ਵਿਰੁੱਧ ਹੋ ਜਾਂਦਾ ਹੈ।
3. ਵਿਦੇਸ਼ ਵਿੱਚ ਠਹਿਰ ਦੇ ਦੌਰਾਨ ਉਹ ਕਿਸੇ ਵੀ ਪ੍ਰਕਾਰ ਦੀ ਰੈਗੂਲਰ/ ਪਾਰਟ ਟਾਈਮ ਨੌਕਰੀ ਨਹੀਂ ਕਰਨਗੇ, ਜਿਸ ਨਾਲ ਉਹਨਾਂ ਨੂੰ ਕੋਈ ਆਰਥਿਕ ਲਾਭ ਮਿਲਦਾ ਹੋਵੇ।
4. ਵਿਦੇਸ਼ ਵਿੱਚ ਰਹਿੰਦੇ ਹੋਏ ਉਹ ਆਪਣੀ ਨੌਕਰੀ ਦੇ ਪੱਦ ਤੋਂ ਅਸਤੀਫਾ ਨਹੀਂ ਦੇਣਗੇ।
5. ਉਹ ਇਸ ਛੁੱਟੀ ਦੇ ਖਤਮ ਹੋਣ ਤੇ ਹੋਰ ਛੁੱਟੀ ਵਧਾਉਣ ਲਈ ਬਿਨੈ ਨਹੀਂ ਕਰੇਗਾ।
6. ਉਹ ਇਸ ਛੁੱਟੀ ਤੇ ਖਤਮ ਹੋਣ ਉਪਰੰਤ ਆਪਣੀ ਡਿਊਟੀ ਤੇ ਹਾਜਰ ਹੋ ਜਾਣਗੇ ਡਿਊਟੀ ਤੇ ਹਾਜਰ ਨਾ ਹੋਣ ਦੀ ਸੂਰਤ ਵਿੱਚ ਸੇਵਾਵਾਂ ਖਤਮ ਕਰ ਦਿੱਤੀਆਂ ਜਾਣਗੀਆਂ।
7. ਜਿਲ੍ਹਾ ਸਿਖਿਆ ਅਫਸਰ (ਐ:ਸਿ:) ਇਹ ਨਿੱਜੀ ਪੱਧਰ ਤੇ ਚੈੱਕ ਕਰਨ ਕਿ ਇਸ ਟੀਚਰ ਨੇ ਵਿਦੇਸ਼ ਦੀ ਪੱਕੀ ਨਾਗਰਿਕਤਾ ਪ੍ਰਾਪਤ ਨਾ ਕੀਤੀ ਹੋਵੇ, ਇਸ ਸਬੰਧੀ ਜੇਕਰ ਤੱਥ ਛੁਪਾਏ ਜਾਂਦੇ ਹਨ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਜਿਲ੍ਹਾ ਸਿਖਿਆ ਅਫਸਰ (ਐ:ਸਿ:) ਦੀ ਨਿੱਜੀ ਹੋਵੇਗੀ।
8. ਛੁੱਟੀ ਖਤਮ ਹੋਣ ਤੇ ਇਹ ਟੀਚਰ ਆਪਣੀ ਹਾਜਰੀ ਰਿਪੋਰਟ ਜਿਲ੍ਹਾ ਸਿਖਿਆ ਅਫਸਰ (ਐ:ਸਿ;) ਵਿਖੇ ਸਿੱਧੇ ਤੌਰ ਤੇ ਪੇਸ਼ ਕਰੇਗੀ। ਉਸ ਸਮੇਂ ਵਿਦੇਸ਼ ਜਾਣ/ਆਉਣ ਸਮੇਂ ਹਵਾਈ ਜਹਾਜ ਰਾਹੀਂ ਕੀਤੇ ਗਏ ਸਫਰ ਦੇ ਵੇਰਵੇ, ਉਡਾਨਾਂ ਦੀਆਂ ਮਿਤੀਆਂ, ਉਡਾਨਾਂ ਦਾ ਸਮਾਂ, ਚੜ੍ਹਨ/ਉੱਤਰਨ ਵਾਲੇ ਏਅਰਪੋਰਟ ਦਾ ਨਾਂ ਦੇਣੇ ਲਾਜਮੀ ਹੋਣਗੇ। ਸਬੂਤ ਵਜੋਂ ਹਵਾਈ ਜਹਾਜ ਦੀ ਟਿਕਟਾਂ, ਬੋਰਡਿੰਗ ਪਾਸ ਅਤੇ ਵੀਜੇ ਵਾਲੇ ਪਾਸਪੋਰਟ ਦੇ ਪੰਨੇ ਦੀਆਂ ਤਸਦੀਕੀ ਕਾਪੀਆਂ ਅਤੇ ਨਿਯਮਾਂ ਅਨੁਸਾਰ ਹਲਫੀਆ ਬਿਆਨ/ਸਵੈ-ਘੋਸ਼ਣਾ ਪੱਤਰ ਵੀ ਪੇਸ਼ ਕੀਤਾ ਜਾਵੇਗਾ। ਇਸ ਟੀਚਰ ਦੀ ਲੋੜ ਅਨੁਸਾਰ ਪੋਸਟਿੰਗ ਨਿਯਮਾਂ ਅਨੁਸਾਰ ਕੀਤੀ ਜਾਵੇਗੀ।

**ਇੰਦਰਜੀਤ ਸਿੰਘ**
**ਡਾਇਰੈਕਟਰ ਸਿਖਿਆ ਵਿਭਾਗ (ਐ:ਸਿ:) ਪੰਜਾਬ**
**ਮੋਹਾਲੀ**

**ਪਿੱਠ ਅੰਕਣ ਨੰ. ਉਕਤ** 9966 **ਮਿਤੀ :** 13-11-17

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਜਿਲ੍ਹਾ ਸਿੱਖਿਆ ਅਫਸਰ (ਐ:ਸਿ:) ਹੁਸ਼ਿਆਰਪੁਰ ਨੂੰ ਉਹਨਾਂ ਦੇ ਪੱਤਰ ਨੰਬਰ:-ਪ੍ਰ/ਅ-3/2017/7033 ਮਿਤੀ 07/11/2017 ਦੇ ਹਵਾਲੇ ਵਿਚ। [illegible]
2. ਐਮ.ਆਈ.ਐਸ. ਵਿੰਗ, ਦਫਤਰ ਸਰਵ ਸਿਖਿਆ ਅਭਿਆਨ ਨੂੰ ਵਿਭਾਗ ਦੀ ਸਾਈਟ ਤੇ ਅੱਪ ਲੋਡ ਕਰਨ ਲਈ।
3. ਮਹਾਂਲੇਖਾਕਾਰ, ਪੰਜਾਬ ਚੰਡੀਗੜ੍ਹ।
4. ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਬਲਾਕ ਟਾਂਡਾ-1 (ਹੁਸ਼ਿਆਰਪੁਰ) ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਸ ਟੀਚਰ ਛੁੱਟੀ ਮੰਨਜੂਰ ਹੋਣ/ਰਲੀਵ ਕਰਨ ਤੋਂ ਪਹਿਲਾਂ ਸਕੂਲ ਵਿਚ ਹਾਜਰੀ ਯਕੀਨੀ ਬਣਾਈ ਜਾਵੇ। ਗੈਰ ਹਾਜਰੀ ਦੀ ਸੂਰਤ ਵਿਚ ਇਸ ਦਫਤਰ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਜੇਕਰ ਇਹ ਟੀਚਰ ਆਪਣੀ ਡਿਊਟੀ ਤੇ ਸਮੇਂ ਸਿਰ ਹਾਜਰ ਨਹੀਂ ਹੁੰਦਾ ਹੈ ਤਾਂ ਇਸ ਦੀ ਸੂਚਨਾਂ ਇਸ ਦਫਤਰ ਨੂੰ ਸਿੱਧੇ ਤੌਰ ਤੇ ਹੀ ਭੇਜੀ ਜਾਣੀ ਯਕੀਨੀ ਬਣਾਈ ਜਾਵੇ। ਇਸ ਟੀਚਰ ਨੂੰ ਹਾਜਰ ਕਰਵਾਉਣ ਤੋਂ ਪਹਿਲਾਂ ਨਿਯਮਾਂ ਅਨੁਸਾਰ ਡਾਇਰੈਕਟੋਰੇਟ ਤੋਂ ਪ੍ਰਵਾਨਗੀ ਪ੍ਰਾਪਤ ਕੀਤੇ ਬਿਨਾਂ ਹਾਜਰ ਨਾ ਕਰਵਾਇਆ ਜਾਵੇ। ਇਸ ਸਬੰਧੀ ਵਰਤੀ ਜਾਣ ਵਾਲੀ ਕੁਤਾਹੀ ਲਈ ਬੀ.ਪੀ.ਈ.ਓ. ਨਿੱਜੀ ਪੱਧਰ ਤੇ ਜਿੰਮੇਵਾਰ ਹੋਣਗੇ। ਇਸ ਤੋਂ ਇਲਾਵਾ ਪਹਿਲਾਂ ਅਵੇਲ ਕੀਤੀ ਗਈ ਵਿਦੇਸ਼ ਛੁੱਟੀ ਦੇ ਅੰਦਰਾਜ ਸੇਵਾ ਪੱਤਰੀ ਵਿਚ ਕੀਤੇ ਜਾਣੇ ਯਕੀਨੀ ਬਣਾਏ ਜਾਣ।
5. ਸਬੰਧਤ ਕਰਮਚਾਰੀ।

ਸੁਪਰਡੈਂਟ (ਅਮਲਾ)